# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 26-04-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਰੁਜ਼ਗਾਰ ਮੇਲੇ ਵਿੱਚ 51 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੰਡੇ- ਕਿਹਾ -ਦੇਸ਼ ਦੀ ਆਰਥਿਕਤਾ, ਅੰਦਰੂਨੀ ਸੁਰੱਖਿਆ ਨੂੰ ਮਜ਼ਬੂਤ ਕਰਨ ਅਤੇ ਆਧੁਨਿਕ ਬੁਨਿਆਦੀ ਢਾਂਚੇ ਨੂੰ ਵਿਕਸਤ ਕਰਨ ਦੀ ਵੱਡੀ ਜ਼ਿੰਮੇਦਾਰੀ ਨੌਜਵਾਨਾਂ ਉੱਤੇ ਏ।
- ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਨੇ ਕਿਹਾ ਕਿ ਪਹਿਲਗਾਮ ਵਰਗੇ ਦਹਿਸ਼ਤਗਰਦੀ ਹਮਲੇ, ਜੀਵਨ ਦੇ ਅਧਿਕਾਰ ਦੇ ਖਿਲਾਫ ਨੇ ਅਤੇ ਇਸਦੀ ਸਖ਼ਤ ਤੋਂ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਜਾਣੀ ਚਾਹੀਦੀ ਏ।
- ਪੰਜਾਬ ਦੇ ਕੈਬਨਿਟ ਮੰਤਰੀ ਲਾਲਚੰਦ ਕਟਾਰੂਚੱਕ ਨੇ ਪਹਿਲਗਾਮ ਦਹਿਸ਼ਤਗਰਦੀ ਹਮਲੇ ਤੋਂ ਬਾਅਦ ਅੱਜ ਜ਼ਿਲ੍ਹਾ ਪਠਾਨਕੋਟ ਵਿਚ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ ਸਵੇਰੇ 11 ਵਜੇ ਆਕਾਸ਼ਵਾਣੀ 'ਤੇ ''ਮਨ ਕੀ ਬਾਤ'' ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਗੁਰਦਾਸਪੁਰ ਵਿਚ ਪੈਦਲ ਮਾਰਚ ਕੱਢਿਆ ਗਿਆ - 10 ਹਜ਼ਾਰ ਵਿਦਿਆਰਥੀਆਂ ਨੇ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਦਿੱਤਾ ਸੁਨੇਹਾ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਜਦੋਂ ਨੌਜਵਾਨ ਰਾਸ਼ਟਰ ਨਿਰਮਾਣ ਵਿੱਚ ਹਿੱਸਾ ਲੈਂਦੇ ਨੇ, ਤਾਂ ਰਾਸ਼ਟਰ ਤੇਜ਼ੀ ਨਾਲ ਵਿਕਾਸ ਕਰਦਾ ਏ ਅਤੇ ਦੁਨੀਆ ਵਿੱਚ ਆਪਣੀ ਪਛਾਣ ਵੀ ਬਣਾਉਂਦਾ ਏ। ਉਨ੍ਹਾਂ ਕਿਹਾ ਕਿ ਦੇਸ਼ ਦੇ ਨੌਜਵਾਨ ਆਪਣੀ ਮਿਹਨਤ ਅਤੇ ਨਵੀਨਤਾ ਰਾਹੀਂ ਦੁਨੀਆ ਨੂੰ ਦਿਖਾ ਰਹੇ ਨੇ ਕਿ ਦੇਸ਼ ਵਿੱਚ ਕਿੰਨੀ ਸਮਰੱਥਾ ਏ। ਪ੍ਰਧਾਨ ਮੰਤਰੀ ਅੱਜ ਇੱਕ ਰੋਜ਼ਗਾਰ ਮੇਲੇ ਵਿੱਚ ਵੀਡੀਓ ਕਾਨਫਰੰਸਿੰਗ ਰਾਹੀਂ ਵੱਖ-ਵੱਖ ਸਰਕਾਰੀ ਵਿਭਾਗਾਂ ਅਤੇ ਸੰਗਠਨਾਂ ਵਿੱਚ 51 ਹਜ਼ਾਰ ਤੋਂ ਵੱਧ

ਨਵੇਂ ਨਿਯੁਕਤ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੰਡਣ ਤੋਂ ਬਾਅਦ ਬੋਲ ਰਹੇ ਸਨ।

BYTE:

ਪ੍ਰਧਾਨ ਮੰਤਰੀ ਨੇ ਕਿਹਾ ਕਿ ਕੁਝ ਦਿਨਾਂ ਵਿੱਚ ਮੁੰਬਈ ਵਿੱਚ ਵਰਲਡ ਆਡੀਓ ਵਿਜ਼ੂਅਲ ਅਤੇ ਐਂਟਰਟੇਨਮੈਂਟ ਸਮਿਟ ਵੇਵਜ਼ 2025 ਹੋਣ ਜਾ ਰਿਹਾ ਏ । ਸ਼੍ਰੀ ਮੋਦੀ ਨੇ ਕਿਹਾ ਕਿ ਇਹ ਮੀਡੀਆ, ਗੇਮਿੰਗ ਅਤੇ ਮਨੋਰੰਜਨ ਖੇਤਰ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਦਾ ਇੱਕ ਬੇਮਿਸਾਲ ਮੌਕਾ ਏ । ਉਨ੍ਹਾਂ ਕਿਹਾ ਕਿ ਦੇਸ਼ ਦੀਆਂ ਔਰਤਾਂ ਨੌਕਰਸ਼ਾਹੀ, ਪੁਲਾੜ ਅਤੇ ਵਿਗਿਆਨ ਦੇ ਖੇਤਰਾਂ ਵਿੱਚ ਨਵੀਆਂ ਉਚਾਈਆਂ ਨੂੰ ਛੂਹ ਰਹੀਆਂ ਨੇ । ਪ੍ਰਧਾਨ ਮੰਤਰੀ ਦੀ ਰੁਜ਼ਗਾਰ ਸਿਰਜਣ ਨੂੰ ਉੱਚ ਤਰਜੀਹ ਦੇਣ ਦੀ ਵਚਨਬੱਧਤਾ ਦੇ ਅਨੁਸਾਰ, ਅੱਜ ਦੇਸ਼ ਭਰ ਵਿੱਚ 47 ਥਾਵਾਂ 'ਤੇ 15ਵਾਂ ਰੁਜ਼ਗਾਰ ਮੇਲਾ ਆਯੋਜਿਤ ਕੀਤਾ ਗਿਆ । ਨਵੇਂ ਭਰਤੀ ਕੀਤੇ ਗਏ ਕਰਮਚਾਰੀ ਵੱਖ-ਵੱਖ ਮੰਤਰਾਲਿਆਂ ਅਤੇ ਵਿਭਾਗਾਂ ਵਿੱਚ ਕੇਂਦਰ ਸਰਕਾਰ ਦੀਆਂ ਨੌਕਰੀਆਂ ਵਿੱਚ ਸ਼ਾਮਲ ਹੋਣਗੇ ।

-----------------------------------------------------------------

ਕੇਂਦਰੀ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ, ਹਰਦੀਪ ਸਿੰਘ ਪੁਰੀ ਨੇ ਕਿਹਾ ਕਿ ਪਹਿਲਗਾਮ ਵਰਗੇ ਦਹਿਸ਼ਤਗਰਦੀ ਹਮਲੇ, ਜੀਵਨ ਦੇ ਅਧਿਕਾਰ ਦੇ ਖਿਲਾਫ ਨੇ ਅਤੇ ਇਸਦੀ ਸਖ਼ਤ ਤੋਂ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਜਾਣੀ ਚਾਹੀਦੀ ਏ ।
ਅੱਜ ਪੰਜਾਬ ਦੇ ਮੋਹਾਲੀ ਵਿੱਚ ਐਮਿਟੀ ਯੂਨੀਵਰਸਿਟੀ ਵਿਖੇ 15ਵੇਂ ਰੋਜ਼ਗਾਰ ਮੇਲੇ ਵਿੱਚ ਸ਼ਾਮਲ ਹੋਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਉਨ੍ਹਾਂ ਕਿਹਾ ਕਿ ਇਹ ਹਮਲਾ ਇੱਕ ਅਜਿਹੇ ਦੇਸ਼ ਵਲੋਂ ਕੀਤਾ ਗਿਆ ਏ ਜੋ ਦਹਿਸ਼ਤਗਰਦੀ ਨੂੰ ਰਾਜ ਨੀਤੀ ਦੇ ਸਾਧਨ ਵਜੋਂ ਵਰਤਦਾ ਏ । ਉਨ੍ਹਾਂ ਭਰੋਸਾ ਦਿੱਤਾ ਕਿ ਦੇਸ਼ ਨੂੰ ਢੁਕਵਾਂ ਜਵਾਬ ਦਿੱਤਾ ਜਾਵੇਗਾ ।

BYTE
ਇਸ ਦੌਰਾਨ, ਮੰਤਰੀ ਨੇ 25 ਨੌਜਵਾਨਾਂ ਨੂੰ ਸਰਕਾਰੀ ਖੇਤਰਾਂ ਵਿੱਚ ਨਿਯੁਕਤੀਆਂ ਲਈ ਨਿਯੁਕਤੀ ਪੱਤਰ ਵੰਡੇ। ਦੋ ਲਾਭਪਾਤਰੀਆਂ ਨੇ ਆਪਣੀ ਖੁਸ਼ੀ ਸਾਂਝੀ ਕਰਦੇ ਹੋਏ ਕਿਹਾ ।

BYTE :

ਉਧਰ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਵੀ ਲੁਧਿਆਣਾ ਦੇ ਗੁਰੂ ਨਾਨਕ ਭਵਨ ਵਿਚ ਇਕ ਸਮਾਗਮ ਦੌਰਾਨ, ਕਰੀਬ 70 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੰਡੇ।

-------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਲਾਲਚੰਦ ਕਟਾਰੂਚੱਕ ਨੇ ਪਹਿਲਗਾਮ ਦਹਿਸ਼ਤਗਰਦੀ ਹਮਲੇ ਤੋਂ ਬਾਅਦ ਜ਼ਿਲ੍ਹਾ ਪਠਾਨਕੋਟ ਵਿਚ ਸੁਰੱਖਿਆ ਦਾ ਜਾਇਜ਼ਾ ਲਿਆ। ਮੰਤਰੀ ਨੇ ਸਿੰਬਲ ਸਕੋਲ ਚੌਕੀ 'ਤੇ ਸੁਰੱਖਿਆ ਦਾ ਨਿਰੀਖਣ ਕੀਤਾ ਤਾਂ ਜੋ ਜ਼ਿਲ੍ਹੇ ਵਿੱਚ ਕੋਈ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ । ਉਨ੍ਹਾਂ ਸੁਰੱਖਿਆ ਸਬੰਧੀ ਬੀ.ਐਸ.ਐਫ ਜਵਾਨਾਂ ਨਾਲ ਮੀਟਿੰਗ ਵੀ ਕੀਤੀ । ਮੰਤਰੀ ਕਿਹਾ ਕਿ ਜੰਮੂ-ਕਸ਼ਮੀਰ ਵਿੱਚ ਹੋਏ ਦਹਿਸ਼ਤਗਰਦੀ ਹਮਲੇ ਤੋਂ ਬਾਅਦ ਪਠਾਨਕੋਟ ਸੁਰੱਖਿਆ ਦੇ ਨਜ਼ਰੀਏ ਤੋਂ ਬਹੁਤ ਮਹੱਤਵਪੂਰਨ ਹੋ ਗਿਆ ਏ , ਜਿਸ ਕਾਰਨ ਉਨ੍ਹਾਂ ਨੇ ਅੱਜ ਉਸ ਸਰਹੱਦੀ ਚੌਕੀ ਦਾ ਦੌਰਾ ਕੀਤਾ ਏ।

BYTE:

ਪਹਿਲਗਾਮ ਹਮਲੇ ਤੋਂ ਬਾਅਦ, ਪਠਾਨਕੋਟ ਜ਼ਿਲ੍ਹੇ ਨੂੰ ਅਲਰਟ 'ਤੇ

ਰੱਖਿਆ ਗਿਆ ਏ, ਕਿਉਂਕਿ ਜ਼ਿਲ੍ਹੇ ਦੇ ਇੱਕ ਪਾਸੇ ਇਹ ਪਾਕਿਸਤਾਨ ਨਾਲ ਅਤੇ ਦੂਜੇ ਪਾਸੇ ਇਹ ਜੰਮੂ ਕਸ਼ਮੀਰ ਨਾਲ ਆਪਣੀ ਸਰਹੱਦ ਸਾਂਝੀ ਕਰਦਾ ਏ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ ਸਵੇਰੇ 11 ਵਜੇ ਆਕਾਸ਼ਵਾਣੀ 'ਤੇ "ਮਨ ਕੀ ਬਾਤ" ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਰੇਡੀਓ ਪ੍ਰੋਗਰਾਮ ਦਾ 121ਵਾਂ ਐਪੀਸੋਡ ਹੋਵੇਗਾ। ਇਸ ਪ੍ਰੋਗਰਾਮ ਦਾ ਸਿੱਧਾ ਪ੍ਰਸਾਰਣ, ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਪੂਰੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ ਵੈੱਬਸਾਈਟ ਅਤੇ NEWS ON ਮੋਬਾਈਲ ਐਪ 'ਤੇ ਕੀਤਾ ਜਾਵੇਗਾ। ਇਸ ਨੂੰ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ YOUTUBE ਚੈਨਲਾਂ 'ਤੇ ਵੀ ਸਿੱਧਾ ਪ੍ਰਸਾਰਿਤ ਕੀਤਾ ਜਾਵੇਗਾ। ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ।

---------------------------------------------------------------

ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਨੇ ਸਾਰੇ ਮੀਡੀਆ ਚੈਨਲਾਂ ਲਈ ਇੱਕ ਸਲਾਹ ਜਾਰੀ ਕੀਤੀ ਏ। ਇਸ ਵਿੱਚ, ਉਨ੍ਹਾਂ ਨੂੰ ਰਾਸ਼ਟਰੀ ਸੁਰੱਖਿਆ ਦੇ ਹਿੱਤ ਵਿੱਚ ਦਹਿਸ਼ਤਗਰਦੀ ਵਿਰੋਧੀ ਕਾਰਵਾਈਆਂ ਅਤੇ ਸੁਰੱਖਿਆ ਬਲਾਂ ਦੀਆਂ ਗਤੀਵਿਧੀਆਂ ਦੇ ਲਾਈਵ ਕਵਰੇਜ ਤੋਂ ਦੂਰ ਰਹਿਣ ਦੀ ਸਲਾਹ ਦਿੱਤੀ ਗਈ ਏ। ਮੰਤਰਾਲੇ ਨੇ ਮੀਡੀਆ ਨੂੰ ਇਹ ਵੀ ਸਲਾਹ ਦਿੱਤੀ ਏ ਕਿ ਉਹ, ਰੱਖਿਆ ਕਾਰਜਾਂ ਜਾਂ ਗਤੀਵਿਧੀਆਂ ਨਾਲ ਸਬੰਧਤ ਸਰੋਤ-ਅਧਾਰਤ ਜਾਣਕਾਰੀ 'ਤੇ ਰਿਪੋਰਟਿੰਗ ਕਰਨ ਤੋਂ ਗੁਰੇਜ਼ ਕਰਨ। ਮੰਤਰਾਲੇ ਨੇ ਕਿਹਾ ਏ ਕਿ ਸੰਵੇਦਨਸ਼ੀਲ ਜਾਣਕਾਰੀ ਦਾ ਸਮੇਂ ਤੋਂ ਪਹਿਲਾਂ ਖੁਲਾਸਾ, ਰਾਸ਼ਟਰ ਵਿਰੋਧੀ ਤੱਤਾਂ ਲਈ ਮਦਦਗਾਰ ਸਾਬਤ ਹੋ ਸਕਦਾ ਏ ਅਤੇ ਕਾਰਜਾਂ ਦੀ ਪ੍ਰਭਾਵਸ਼ੀਲਤਾ ਅਤੇ ਸੁਰੱਖਿਆ ਕਰਮਚਾਰੀਆਂ ਦੀ ਸੁਰੱਖਿਆ ਨੂੰ ਖਤਰੇ ਵਿੱਚ ਪਾ ਸਕਦਾ ਏ।

---------------------------------------------------------------

ਅੱਜ ਵਿਸ਼ਵ ਬੌਧਿਕ ਸੰਪਤੀ ਦਿਵਸ ਏ। ਇਹ ਦਿਨ ਹਰ ਸਾਲ 26 ਅਪ੍ਰੈਲ ਨੂੰ ਨਵੀਆਂ ਕਾਢਾਂ ਅਤੇ ਰਚਨਾਤਮਕਤਾ ਨੂੰ ਉਤਸ਼ਾਹਿਤ ਕਰਨ

ਵਿੱਚ, ਬੌਧਿਕ ਸੰਪਤੀ ਅਧਿਕਾਰਾਂ ਦੀ ਭੂਮਿਕਾ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਮਨਾਇਆ ਜਾਂਦਾ ਏ।

***ਪੇਸ਼ ਏ ਇੱਕ ਰਿਪੋਰਟ :ਵਿਸ਼ਵ ਬੌਧਿਕ ਸੰਪਤੀ ਸੰਗਠਨ ਵਲੋਂ ਸਨ 2000 ਵਿੱਚ ਵਿਸ਼ਵ ਬੌਧਿਕ ਸੰਪਤੀ ਦਿਵਸ ਮਨਾਉਣ ਦੀ ਸ਼ੁਰੂਆਤ ਕੀਤੀ ਗਈ ਸੀ ਤਾਂ ਜੋ ਬੌਧਿਕ ਸੰਪਤੀ ਜਿਵੇਂ ਕਿ ਪੇਟੈਂਟ, ਟ੍ਰੇਡਮਾਰਕ, ਉਦਯੋਗਿਕ ਡਿਜ਼ਾਈਨ ਅਤੇ ਕਾਪੀਰਾਈਟ ਬਾਰੇ ਜਾਗਰੂਕਤਾ ਪੈਦਾ ਕੀਤੀ ਜਾ ਸਕੇ। ਇਸ ਸਾਲ ਦੇ ਵਿਸ਼ਵ ਬੌਧਿਕ ਸੰਪਤੀ ਦਿਵਸ ਦਾ ਵਿਸ਼ਾ - ਬੌਧਿਕ ਸੰਪਤੀ ਅਤੇ ਸੰਗੀਤ ਏ। ਬੌਧਿਕ ਸੰਪਤੀ ਮਨ ਦੀਆਂ ਰਚਨਾਵਾਂ ਨੂੰ ਦਰਸਾਉਂਦੀ ਏ, ਜਿਵੇਂ ਕਿ ਸੰਗੀਤ, ਕਲਾਤਮਕ ਰਚਨਾਵਾਂ, ਕਾਢਾਂ, ਡਿਜ਼ਾਈਨ ਆਦਿ। ਕਾਨੂੰਨ ਇਸਦੀ ਰੱਖਿਆ ਕਰਦਾ ਏ ਤਾਂ ਜੋ ਕੋਈ ਦੂਜਾ ਤੁਹਾਡੀ ਇਜਾਜ਼ਤ ਤੋਂ ਬਿਨਾਂ ਇਸਨੂੰ ਚੋਰੀ ਜਾਂ ਇਸਦੀ ਨਕਲ ਨਾ ਕਰ ਸਕੇ। ਇਸ ਕਾਰਨ, ਪੇਟੈਂਟ, ਟ੍ਰੇਡਮਾਰਕ ਅਤੇ ਕਾਪੀਰਾਈਟ ਦੁਆਰਾ ਇਨਾਂ ਨੂੰ ਸੁਰੱਖਿਅਤ ਰੱਖਿਆ ਜਾਂਦਾ ਏ।ਇਹ ਦਿਨ ਨੌਜਵਾਨਾਂ ਦੀ ਨਵੇਂ ਅਤੇ ਬਿਹਤਰ ਹੱਲ ਲੱਭਣ ਦੀ ਸਮਰੱਥਾ ਨੂੰ ਮਾਨਤਾ ਦਿੰਦਾ ਏ, ਜੋ ਇੱਕ ਨਿਰੰਤਰ***

***ਰਹਿਣਯੋਗ ਭਵਿੱਖ ਵੱਲ ਤਬਦੀਲੀ ਨੂੰ ਅੱਗੇ ਵਧਾਉਣ ਵਿੱਚ ਮਦਦ ਕਰਦੇ ਨੇ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ***

---------------------------------------------------

'ਯੁੱਧ ਨਸ਼ਿਆਂ ਵਿਰੁੱਧ' ਵਿੱਚ ਆਮ ਲੋਕਾਂ ਦਾ ਸਹਿਯੋਗ ਲੈਣ ਲਈ ਗੁਰਦਾਸਪੁਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅੱਜ ਪੈਦਲ ਮਾਰਚ ਕਢਿਆ ਗਿਆ ।

ਲਿਟਲ ਫਲਾਵਰ ਕਾਨਵੈਂਟ ਸਕੂਲ ਤੋਂ ਸ਼ੁਰੂ ਹੋਏ ਇਸ ਪੈਦਲ ਮਾਰਚ ਦੀ ਅਗਵਾਈ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਕੀਤੀ । ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ, ਕਾਲਜਾਂ ਅਤੇ ਹੋਰ ਸਿੱਖਿਆ ਸੰਸਥਾਵਾਂ ਵਿਚੋਂ 10 ਹਜ਼ਾਰ ਦੇ ਕਰੀਬ ਵਿਦਿਆਰਥੀਆਂ ਤੋਂ ਇਲਾਵਾ ਖਿਡਾਰੀਆਂ, ਲੇਖਕਾਂ, ਪੱਤਰਕਾਰਾਂ ਅਤੇ ਸਮਾਜ ਦੇ ਹਰੇਕ ਵਰਗ ਨਾਲ ਸਬੰਧਿਤ ਵਿਅਕਤੀਆਂ ਨੇ ਹਿੱਸਾ ਲਿਆ। ਇਹ ਪੈਦਲ ਮਾਰਚ ਪੰਚਾਇਤ ਭਵਨ, ਜਹਾਜ਼ ਚੌਂਕ, ਹਨੂੰਮਾਨ ਚੌਂਕ, ਗੀਤਾ ਭਵਨ ਰੋਡ ਹੁੰਦਾ ਹੋਇਆ ਸ਼ਹੀਦ ਲੈਫ਼ਟੀਨੈਂਟ ਨਵਦੀਪ ਸਿੰਘ ਸਟੇਡੀਅਮ, ਸਰਕਾਰੀ ਕਾਲਜ ਵਿਖੇ ਸਮਾਪਤ ਹੋਇਆ । ਇਸ ਦੌਰਾਨ ਵਿਦਿਆਰਥੀਆਂ ਅਤੇ ਜ਼ਿਲ੍ਹਾ ਵਾਸੀਆਂ ਨੇ ਲੋਕਾਂ ਨੂੰ

ਨਸ਼ਿਆਂ ਤੋਂ ਬਚਣ ਦਾ ਸੁਨੇਹਾ ਦੇਣ ਦੇ ਨਾਲ ਨਸ਼ਿਆਂ ਖ਼ਿਲਾਫ਼ ਆਪਣੀ ਅਵਾਜ਼ ਬੁਲੰਦ ਕੀਤੀ। ਸ਼ੁਰੂਆਤ ਤੋਂ ਪਹਿਲਾਂ ਪਹਿਲਗਾਮ ਹਮਲੇ ਵਿੱਚ ਮਾਰੇ ਗਏ ਲੋਕਾਂ ਦੀ ਯਾਦ ਵਿੱਚ ਦੋ ਮਿੰਟ ਦਾ ਮੋਨ ਰੱਖਿਆ ਗਿਆ। ਇਸ ਤੋਂ ਬਾਅਦ ਡਿਪਟੀ ਕਮਿਸ਼ਨਰ ਨੇ ਵਿਦਿਆਰਥੀਆਂ ਅਤੇ ਜ਼ਿਲ੍ਹਾ ਵਾਸੀਆਂ ਨੂੰ ਨਸ਼ਾ ਮੁਕਤ ਮੁਹਿੰਮ ਵਿੱਚ ਆਪਣਾ ਸਾਥ ਦੇਣ ਦੀ ਸਹੁੰ ਚੁਕਾਈ। ਉਨ੍ਹਾਂ ਕਿਹਾ ਕਿ ਅੱਜ ਦੇ ਪੈਦਲ ਮਾਰਚ ਨੂੰ ਜ਼ਿਲ੍ਹਾ ਵਾਸੀਆਂ ਵੱਲੋਂ ਵੱਡਾ ਹੁੰਗਾਰਾ ਮਿਲਿਆ ਏ ।

---------------------------------------------------------------

ਮੋਹਾਲੀ ਦੇ ਪਿੰਡ ਘੜੂੰਆਂ ਸਥਿਤ ਚੰਡੀਗੜ੍ਹ ਯੂਨੀਵਰਸਿਟੀ ਵਿੱਚ "ਇੱਕ ਰਾਸ਼ਟਰ ਇੱਕ ਚੋਣ - ਭਾਰਤ ਦੇ ਚੋਣ ਦ੍ਰਿਸ਼ ਨੂੰ ਮੁੜ ਆਕਾਰ ਦੇਣਾ" ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ । ਪੈਟਰੋਲੀਅਮ ਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ । ਹਰਦੀਪ ਸਿੰਘ ਪੁਰੀ ਨੇ ਆਪਣੇ ਸੰਬੋਧਨ ਵਿੱਚ ਸੈਮੀਨਾਰ ਦੇ ਮੱਕਸਦ ਨੂੰ ਪੂਰਾ ਕਰਨ ਲਈ ਸੈਮੀਨਾਰ ਲਈ ਚੰਡੀਗੜ੍ਹ ਯੂਨਿਵਰਸਿਟੀ ਦਾ ਧੰਨਵਾਦ ਕੀਤਾ ਅਤੇ ਇਸਦੇ ਕਨੂੰਨ ਦੇ ਵਿਦਿਆਰਥੀਆਂ ਦੀ ਤਕਰੀਰਾਂ

ਦੀ ਸ਼ਲਾਘਾ ਕੀਤੀ ।BJP ਦੇ ਸੀਨੀਅਰ ਨੇਤਾ ਐਸ.ਐਸ.ਚੰਨੀ ਅਤੇ ਰਾਜ ਸਭਾ ਮੈਂਬਰ ਅਤੇ ਯੂਨੀਵਰਸਿਟੀ ਦੇ ਚਾਂਸਲਰ ਸਤਨਾਮ ਸੰਧੂ ਵੀ ਮੌਜੂਦ ਸਨ।

---------------------------------------------------

ਪੰਜਾਬ ਦੇ ਖ਼ੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਤਰਨ ਤਾਰਨ ਦੀ ਦਾਣਾ ਮੰਡੀ ਵਿਖੇ ਕਣਕ ਦੀ ਚੱਲ ਰਹੀ ਖ਼ਰੀਦ ਪ੍ਰਕਿਰਿਆ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨੇ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨਾਲ ਗੱਲਬਾਤ ਕਰਕੇ ਮੰਡੀ ਵਿੱਚ ਚੱਲ ਰਹੀ ਕਣਕ ਦੀ ਖ਼ਰੀਦ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਉਹਨਾਂ ਦੀਆਂ ਮੁਸ਼ਕਿਲਾਂ ਸੁਣੀਆਂ। ਕੈਬਨਿਟ ਮੰਤਰੀ ਨੇ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਸੀਜ਼ਨ ਦੌਰਾਨ ਲਗਭਗ 125 ਲੱਖ ਮੀਟਰਿਕ ਟਨ ਕਣਕ ਮੰਡੀਆਂ ਵਿੱਚ ਆਉਣ ਦੀ ਸੰਭਾਵਨਾ ਏ । ਸ੍ਰੀ ਕਟਾਰੂਚੱਕ ਨੇ ਕਿਹਾ ਕਿ ਹੁਣ ਤੱਕ ਸੂਬੇ ਦੀਆਂ ਮੰਡੀਆਂ ’ਚ 89 ਲੱਖ ਮੀਟਰਿਕ ਟਨ ਕਣਕ ਦੀ ਆਮਦ ਹੋ ਚੁੱਕੀ ਏ ਜਿਸ ਵਿੱਚੋਂ ਲਗਭਗ 83 ਲੱਖ ਮੀਟਰਿਕ ਟਨ ਦੀ

ਕਣਕ ਦੀ ਖ਼ਰੀਦ ਵੱਖ-ਵੱਖ ਏਜੰਸੀਆਂ ਵੱਲੋਂ ਕੀਤੀ ਗਈ ਏ । ਉਨ੍ਹਾਂ ਦੱਸਿਆ ਕਿ ਖਰੀਦੀ ਫਸਲ ਦੀ ਕਿਸਾਨਾਂ ਦੇ ਖਾਤਿਆਂ 'ਚ 15 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਅਦਾਇਗੀ ਕੀਤੀ ਜਾ ਚੁੱਕੀ ਏ । ਉਨ੍ਹਾਂ ਨੇ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਕੀਤੀਆਂ ਕਿ  ਕਿਸੇ ਵੀ ਕਿਸਾਨ ਜਾਂ ਆੜ੍ਹਤੀ ਨੂੰ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

---------------------------------------------------------

ਪੰਜਾਬ ਦੇ ਖ਼ੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਤਰਨ ਤਾਰਨ ਦੀ ਦਾਣਾ ਮੰਡੀ ਵਿਖੇ ਕਣਕ ਦੀ ਚੱਲ ਰਹੀ ਖ਼ਰੀਦ ਪ੍ਰਕਿਰਿਆ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨੇ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨਾਲ ਗੱਲਬਾਤ ਕਰਕੇ ਮੰਡੀ ਵਿੱਚ ਚੱਲ ਰਹੀ ਕਣਕ ਦੀ ਖ਼ਰੀਦ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਉਹਨਾਂ ਦੀਆਂ ਮੁਸ਼ਕਿਲਾਂ ਸੁਣੀਆਂ। ਕੈਬਨਿਟ ਮੰਤਰੀ ਨੇ ਕਿਹਾ ਕਿ  ਕਿਸਾਨਾਂ ਨੂੰ ਮੰਡੀਆਂ ਵਿੱਚ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਸੀਜ਼ਨ ਦੌਰਾਨ ਲਗਭਗ 125 ਲੱਖ ਮੀਟਰਿਕ ਟਨ ਕਣਕ ਮੰਡੀਆਂ ਵਿੱਚ ਆਉਣ ਦੀ ਸੰਭਾਵਨਾ ਏ । ਸ੍ਰੀ ਕਟਾਰੂਚੱਕ ਨੇ ਕਿਹਾ ਕਿ

ਹੁਣ ਤੱਕ ਸੂਬੇ ਦੀਆਂ ਮੰਡੀਆਂ ’ਚ 89 ਲੱਖ ਮੀਟਰਿਕ ਟਨ ਕਣਕ ਦੀ ਆਮਦ ਹੋ ਚੁੱਕੀ ਏ  ਜਿਸ ਵਿੱਚੋਂ ਲਗਭਗ 83 ਲੱਖ ਮੀਟਰਿਕ ਟਨ ਦੀ ਕਣਕ ਦੀ ਖ਼ਰੀਦ ਵੱਖ-ਵੱਖ ਏਜੰਸੀਆਂ ਵੱਲੋਂ ਕੀਤੀ ਗਈ ਏ । ਉਨ੍ਹਾਂ ਦੱਸਿਆ ਕਿ ਖਰੀਦੀ ਫਸਲ ਦੀ ਕਿਸਾਨਾਂ ਦੇ ਖਾਤਿਆਂ ’ਚ 15 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਅਦਾਇਗੀ ਕੀਤੀ ਜਾ ਚੁੱਕੀ ਏ । ਉਨ੍ਹਾਂ ਨੇ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਕੀਤੀਆਂ ਕਿ  ਕਿਸੇ ਵੀ ਕਿਸਾਨ ਜਾਂ ਆੜ੍ਹਤੀ ਨੂੰ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

---------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਆਂਗਨਵਾੜੀ ਵਰਕਰਾਂ ਅਤੇ ਹੈਲਪਰਾਂ ਨੂੰ ਜਲਦ ਸਮਾਰਟ ਫੋਨ ਮੁਹੱਈਆ ਕਰਵਾਏ ਜਾਣਗੇ, ਤਾਂ ਜੋ ਉਹ ਆਪਣੇ ਰੋਜ਼ਾਨਾ ਦੇ ਕੰਮ ਨੂੰ ਹੋਰ ਸੁਚੱਜੇ ਤੇ ਆਧੁਨਿਕ ਢੰਗ ਨਾਲ ਨਿਭਾ ਸਕਣ। ਮਲੋਟ ਸਥਿਤ ਪੰਜਾਬ ਭਵਨ ਵਿਖੇ ਆਂਗਨਵਾੜੀ ਵਰਕਰਾਂ ਅਤੇ ਹੈਲਪਰਾਂ ਨਾਲ ਹੋਈ ਮੀਟਿੰਗ ਦੌਰਾਨ

ਡਾ ਬਲਜੀਤ ਕੌਰ ਵੱਲੋਂ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ ਅਤੇ ਭਰੋਸਾ ਦਿੱਤਾ ਕਿ ਜਿਹੜੀਆਂ ਮੰਗਾਂ ਵਿਭਾਗ ਪੱਧਰ 'ਤੇ ਤੁਰੰਤ ਹੱਲ ਹੋ ਸਕਦੀਆਂ ਨੇ , ਉਹਨਾਂ ਨੂੰ ਤੁਰੰਤ ਨਿਪਟਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਮੰਗਾਂ ਬਾਰੇ ਵਿਭਾਗ ਵੱਲੋਂ ਮੁਕੰਮਲ ਤਜਵੀਜ਼ ਤਿਆਰ ਕਰਕੇ ਮੁੱਖ ਮੰਤਰੀ ਕੋਲ ਭੇਜੀ ਜਾਵੇਗੀ, ਤਾਂ ਜੋ ਅਗਲੇ ਪੱਧਰ 'ਤੇ ਵੀ ਜਲਦੀ ਕਾਰਵਾਈ ਹੋ ਸਕੇ। ਮੰਤਰੀ ਨੇ ਦੱਸਿਆ ਕਿ ਸਰਕਾਰ ਆਂਗਨਵਾੜੀ ਵਰਕਰਾਂ ਅਤੇ ਹੈਲਪਰਾਂ ਦੀ ਸਿਹਤ ਦੀ ਸੰਭਾਲ ਵਲ ਵੀ ਧਿਆਨ ਦੇ ਰਹੀ ਏ । ਵਿਭਾਗ ਵੱਲੋਂ ਪਹਿਲਾਂ ਹੀ ਸਾਰੇ ਆਂਗਨਵਾੜੀ ਵਰਕਰਾਂ ਅਤੇ ਹੈਲਪਰਾਂ ਦੀ eKYC ਕਰਵਾਉਣ ਦੀ ਮੁਹਿੰਮ ਸ਼ੁਰੂ ਕੀਤੀ ਗਈ ਸੀ, ਜੋ ਉਨ੍ਹਾਂ ਨੂੰ ਸਿਹਤ ਸੁਰੱਖਿਆ ਸਹੂਲਤਾਂ ਉਪਲੱਬਧ ਕਰਵਾਉਣ ਵੱਲ ਇੱਕ ਅਹਿਮ ਕਦਮ ਸਾਬਤ ਹੋਵੇਗੀ।

----------------------------------------------------------

ਕੇਂਦਰੀ ਮੱਛੀ ਪਾਲਣ, ਪਸ਼ੂ ਪਾਲਣ ਅਤੇ ਡੇਅਰੀ ਰਾਜ ਮੰਤਰੀ, ਸੱਤਿਆਪਾਲ ਸਿੰਘ ਬਘੇਲ ਨੇ ਕਿਹਾ ਏ ਕਿ ਸਰਕਾਰ, ਦੇਸ਼ ਵਿੱਚ ਗਾਵਾਂ ਦੀ ਗਿਣਤੀ ਵਧਾਉਣ ਲਈ ਬਨਾਉਟੀ ਗਰਭਧਾਰਨ ਨੂੰ ਉਤਸ਼ਾਹਿਤ

ਕਰ ਰਹੀ ਏ  ਤਾਂ ਜੋ ਦੁੱਧ-ਅਧਾਰਤ ਉਤਪਾਦਾਂ ਦੀ ਮੰਗ ਨੂੰ ਪੂਰਾ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਭਾਰਤ ਡੇਅਰੀ ਸੈਕਟਰ ਵਿੱਚ ਸਿਖਰਲਾ ਸਥਾਨ ਰੱਖਦਾ ਏ । ਉਨ੍ਹਾਂ ਇਹ ਗੱਲ ਅੱਜ ਨਵੀਂ ਦਿੱਲੀ ਵਿੱਚ ਵਿਸ਼ਵ ਵੈਟਰਨਰੀ ਦਿਵਸ ਦੇ ਮੌਕੇ 'ਤੇ ਆਯੋਜਿਤ ਰਾਸ਼ਟਰੀ ਵਰਕਸ਼ਾਪ ਨੂੰ ਸੰਬੋਧਨ ਕਰਦਿਆਂ ਕਹੀ । ਇਹ ਦਿਨ ਹਰ ਸਾਲ ਅਪ੍ਰੈਲ ਮਹੀਨੇ ਦੇ ਆਖਰੀ ਸ਼ਨੀਵਾਰ ਨੂੰ ਮਨਾਇਆ ਜਾਂਦਾ ਏ ।

-----------------------------------------------------

ਗੁਰਦਾਸਪੁਰ ਜ਼ਿਲੇ ਵਿਚ ਭਾਰਤ-ਪਾਕਿਸਤਾਨੀ ਕੌਮਾਂਤਰੀ ਸਰਹੱਦ ਨਾਲ ਲੱਗਦੇ ਪਿੰਡ ਠੇਠਰਕੇ ਵਿੱਚੋਂ ਸੀਮਾ ਸੁਰੱਖਿਆ ਬਲ ਅਤੇ ਪੰਜਾਬ ਪੁਲਿਸ ਨੇ ਸਾਂਝੇ ਸਰਚ ਆਪਰੇਸ਼ਨ ਦੌਰਾਨ ਡਰੋਨ ਬਰਾਮਦ ਕੀਤਾ ਏ। ਪੁਲਿਸ ਥਾਣਾ ਡੇਰਾ ਬਾਬਾ ਨਾਨਕ ਦੇ ਜਾਂਚ ਅਧਿਕਾਰੀ ਨੇ ਦੱਸਿਆ ਕਿ ਬੀ.ਐਸ.ਐਫ ਦੀ 113 ਬਟਾਲੀਅਨ ਅਤੇ ਪੁਲਿਸ ਥਾਣਾ ਡੇਰਾ ਬਾਬਾ ਨਾਨਕ ਵੱਲੋਂ ਪਿੰਡ ਠੇਠਰਕੇ ਵਿੱਚ ਇੱਕ ਸਾਂਝਾ ਸਰਚ ਆਪਰੇਸ਼ਨ ਚਲਾਇਆ ਜਾ ਰਿਹਾ ਸੀ, ਜਿਸ ਦੌਰਾਨ ਪਿੰਡ ਦੇ ਇੱਕ ਘਰ ਦੇ ਨੇੜਿਓ ਟੁੱਟੀ ਫੁੱਟੀ ਹਾਲਤ ਵਿੱਚ ਇੱਕ ਪਾਕਿਸਤਾਨੀ ਡਰੋਨ ਬਰਾਮਦ ਹੋਇਆ

ਏ ,ਜਿਸ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਵੱਖ-ਵੱਖ ਧਰਾਵਾਂ ਤਹਿਤ ਅਣਪਛਾਤੇ ਵਿਅਕਤੀਆਂ ਦੇ ਖਿਲਾਫ ਮਾਮਲਾ ਦਰਜ ਕੀਤਾ ਗਿਆ ਏ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਰੁਜ਼ਗਾਰ ਮੇਲੇ ਵਿੱਚ 51 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੰਡੇ- ਕਿਹਾ -ਦੇਸ਼ ਦੀ ਆਰਥਿਕਤਾ, ਅੰਦਰੂਨੀ ਸੁਰੱਖਿਆ ਨੂੰ ਮਜ਼ਬੂਤ ਕਰਨ ਅਤੇ ਆਧੁਨਿਕ ਬੁਨਿਆਦੀ ਢਾਂਚੇ ਨੂੰ ਵਿਕਸਤ ਕਰਨ ਦੀ ਵੱਡੀ ਜ਼ਿੰਮੇਦਾਰੀ ਨੌਜਵਾਨਾਂ ਉੱਤੇ ਏ।
- ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਨੇ ਕਿਹਾ ਕਿ ਪਹਿਲਗਾਮ ਵਰਗੇ ਦਹਿਸ਼ਤਗਰਦੀ ਹਮਲੇ, ਜੀਵਨ ਦੇ ਅਧਿਕਾਰ ਦੇ ਖਿਲਾਫ ਨੇ ਅਤੇ ਇਸਦੀ ਸਖ਼ਤ ਤੋਂ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਜਾਣੀ ਚਾਹੀਦੀ ਏ।
- ਪੰਜਾਬ ਦੇ ਕੈਬਨਿਟ ਮੰਤਰੀ ਲਾਲਚੰਦ ਕਟਾਰੂਚੱਕ ਨੇ ਪਹਿਲਗਾਮ ਦਹਿਸ਼ਤਗਰਦੀ ਹਮਲੇ ਤੋਂ ਬਾਅਦ ਅੱਜ ਜ਼ਿਲ੍ਹਾ ਪਠਾਨਕੋਟ ਵਿਚ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ ਸਵੇਰੇ 11 ਵਜੇ ਆਕਾਸ਼ਵਾਣੀ 'ਤੇ ''ਮਨ ਕੀ ਬਾਤ'' ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਗੁਰਦਾਸਪੁਰ ਵਿਚ ਪੈਦਲ ਮਾਰਚ ਕੱਢਿਆ ਗਿਆ - 10 ਹਜ਼ਾਰ ਵਿਦਿਆਰਥੀਆਂ ਨੇ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਦਿੱਤਾ ਸੁਨੇਹਾ।